Tape/CD: 1334

## ਪੰਨਾ ੪੨

ਸਿਰੀਰਾਗੁ ਮਹਲਾ ੫ ਘਰੁ ੧ ॥ ਕਿਆ ਤੂ ਰਤਾ ਦੇਖਿ ਕੈ ਪੁਤ੍ਰ ਕਲਤ੍ਰ ਸੀਗਾਰ ॥ ਰਸ ਭੋਗਹਿ ਖੁਸੀਆ ਕਰਹਿ ਮਾਣਹਿ ਰੰਗ ਅਪਾਰ ॥ ਬਹੁਤੁ ਕਰਹਿ ਫੁਰਮਾਇਸੀ ਵਰਤਹਿ ਹੋਇ ਅਫਾਰ ॥ ਕਰਤਾ ਚਿਤਿ ਨ ਆਵਈ ਮਨਮੁਖ ਅੰਧ ਗਵਾਰ ॥ ੧ ॥ ਮੇਰੇ ਮਨ ਸੁਖਦਾਤਾ ਹਰਿ ਸੋਇ ॥ ਗੁਰ ਪਰਸਾਦੀ ਪਾਈਐ ਕਰਮਿ ਪਰਾਪਤਿ ਹੋਇ ॥ ੧ ॥ ਰਹਾਉ ॥ ਕਪੜਿ ਭੋਗਿ ਲਪਟਾਇਆ ਸੁਇਨਾ ਰੁਪਾ ਖਾਕੁ ॥ ਹੈਵਰ ਗੈਵਰ ਬਹੁ ਰੰਗੇ ਕੀਏ ਰਥ ਅਥਾਕ ॥ ਕਿਸ ਹੀ ਚਿਤਿ ਨ ਪਾਵਹੀ ਬਿਸਰਿਆ ਸਭ ਸਾਕ ॥ ਸਿਰਜਣਹਾਰਿ ਭੁਲਾਇਆ ਵਿਣੁ ਨਾਵੈ ਨਾਪਾਕ ॥ ੨ ॥ ਲੈਦਾ ਬਦ ਦੁਆਇ ਤੂੰ ਮਾਇਆ ਕਰਹਿ ਇਕਤ ॥ ਜਿਸ ਨੋ ਤੂੰ ਪਤੀਆਇਦਾ ਸੋ ਸਣੁ ਤੁਝੈ ਅਨਿਤ ॥ ਅਹੰਕਾਰੁ ਕਰਹਿ ਅਹੰਕਾਰੀਆ ਵਿਆਪਿਆ ਮਨ ਕੀ ਮਤਿ ॥ ਤਿਨਿ ਪ੍ਰਭਿ ਆਪਿ ਭੁਲਾਇਆ ਨਾ ਤਿਸੁ ਜਾਤਿ ਨ ਪਤਿ ॥ ੩ ॥ **ਸਤਿਗੁਰਿ ਪੁਰਖਿ ਮਿਲਾਇਆ ਇਕੋ ਸਜਣੁ ਸੋਇ ॥** ਹਰਿ ਜਨ ਕਾ ਰਾਖਾ ਏਕੁ ਹੈ ਕਿਆ ਮਾਣਸ ਹਉਮੈ ਰੋਇ ॥ ਜੋ ਹਰਿ ਜਨ ਭਾਵੈ ਸੋ ਕਰੇ ਦਰਿ ਫੇਰੁ ਨ ਪਾਵੈ ਕੋਇ ॥ ਨਾਨਕ ਰਤਾ ਰੰਗਿ ਹਰਿ ਸਭ ਜਗ ਮਹਿ ਚਾਨਣੁ ਹੋਇ ॥ ੪ ॥ ੧ ॥ ੭੧ ॥

Tape/CD: 1334

# ਪੰਨਾ ੯੩੫

## ਰਾਮਕਲੀ ਮਹਲਾ ੧ ਦਖਣੀ ਓਅੰਕਾਰੁ

ਬੀਰਾ ਬੀਰਾ ਕਰਿ ਰਹੀ ਬੀਰ ਭਏ ਬੈਰਾਇ ॥ ਬੀਰ ਚਲੇ ਘਰਿ ਆਪਣੈ ਬਹਿਣ ਬਿਰਹਿ ਜਲਿ ਜਾਇ ॥ ਬਾਬੁਲ ਕੈ ਘਰਿ ਬੇਟੜੀ ਬਾਲੀ ਬਾਲੈ ਨੇਹਿ ॥ ਜੇ ਲੋੜਹਿ ਵਰੁ ਕਾਮਣੀ ਸਤਿਗੁਰੁ ਸੇਵਹਿ ਤੇਹਿ ॥ ਬਿਰਲੋ ਗਿਆਨੀ ਬੂਝਣਉ ਸਤਿਗੁਰੁ ਸਾਚਿ ਮਿਲੇਇ ॥ ਠਾਕੁਰ ਹਾਥਿ ਵਡਾਈਆ ਜੈ ਭਾਵੈ ਤੈ ਦੇਇ ॥ ਬਾਣੀ ਬਿਰਲਉ ਬੀਚਾਰਸੀ ਜੇ ਕੋ ਗੁਰਮੁਖਿ ਹੋਇ ॥ ਇਹ ਬਾਣੀ ਮਹਾ ਪੁਰਖ ਕੀ ਨਿਜ ਘਰਿ ਵਾਸਾ ਹੋਇ ॥ ੪੦ ॥

Tape/CD: 1334

# ਪੰਨਾ ੮੯੦

ਰਾਮਕਲੀ ਮਹਲਾ ੫ ॥ ਜੋ ਕਿਛੁ ਕਰੈ ਸੋਈ ਸੁਖੁ ਜਾਨਾ ॥ ਮਨੁ ਅਸਮਝੁ ਸਾਧਸੰਗਿ ਪਤੀਆਨਾ ॥ ਡੋਲਨ ਤੇ ਚੂਕਾ ਠਹਰਾਇਆ ॥ ਸਤਿ ਮਾਹਿ ਲੇ ਸਤਿ ਸਮਾਇਆ ॥ ੧ ॥ ਦੂਖੁ ਗਇਆ ਸਭੁ ਰੋਗੁ ਗਇਆ ॥ ਪ੍ਰਭ ਕੀ ਆਗਿਆ ਮਨ ਮਹਿ ਮਾਨੀ ਮਹਾ ਪੁਰਖ ਕਾ ਸੰਗੁ ਭਇਆ ॥ ੧ ॥ ਰਹਾਉ ॥ ਸਗਲ ਪਵਿਤ੍ਰ ਸਰਬ ਨਿਰਮਲਾ ॥ ਜੋ ਵਰਤਾਏ ਸੋਈ ਭਲਾ ॥ ਜਹ ਰਾਖੈ ਸੋਈ ਮੁਕਤਿ ਥਾਨੁ ॥ ਜੋ ਜਪਾਏ ਸੋਈ ਨਾਮੁ ॥ ੨ ॥ ਅਠਸਠਿ ਤੀਰਥ ਜਹ ਸਾਧ ਪਗ ਧਰਹਿ ॥ ਤਹ ਬੈਕੁੰਠੁ ਜਹ ਨਾਮੁ ਉਚਰਹਿ ॥ ਸਰਬ ਅਨੰਦ ਜਬ ਦਰਸਨੁ ਪਾਈਐ ॥ ਰਾਮ ਗੁਣਾ ਨਿਤ ਨਿਤ ਹਰਿ ਗਾਈਐ ॥ ੩ ॥ ਆਪੇ ਘਟਿ ਘਟਿ ਰਹਿਆ ਬਿਆਪਿ ॥ ਦਇਆਲ ਪੁਰਖ ਪਰਗਟ ਪਰਤਾਪ ॥ ਕਪਟ ਖੁਲਾਨੇ ਭ੍ਰਮ ਨਾਠੇ ਦੂਰੇ ॥ ਨਾਨਕ ਕਉ ਗੁਰ ਭੇਟੇ ਪੂਰੇ ॥ ੪ ॥ ੧੪ ॥ ੨੫ ॥

Tape/CD: 1334

## ਪੰਨਾ ੬੯੮

### ਜੈਤਸਰੀ ਮਹਲਾ ੪ ਘਰੁ ੨

ਹਰਿ ਹਰਿ ਸਿਮਰਹੁ ਅਗਮ ਅਪਾਰਾ ॥ ਜਿਸੁ ਸਿਮਰਤ ਦੁਖੁ ਮਿਟੈ ਹਮਾਰਾ ॥ ਹਰਿ ਹਰਿ ਸਤਿਗੁਰੁ ਪੁਰਖੁ ਮਿਲਾਵਹੁ ਗੁਰਿ ਮਿਲਿਐ ਸੁਖੁ ਹੋਈ ਰਾਮ ॥ ੧ ॥ ਹਰਿ ਗੁਣ ਗਾਵਹੁ ਮੀਤ ਹਮਾਰੇ ॥ ਹਰਿ ਹਰਿ ਨਾਮੁ ਰਖਹੁ ਉਰ ਧਾਰੇ ॥ ਹਰਿ ਹਰਿ ਅੰਮ੍ਰਿਤ ਬਚਨ ਸੁਣਾਵਹੁ ਗੁਰ ਮਿਲਿਐ ਪਰਗਟੁ ਹੋਈ ਰਾਮ ॥ ੨ ॥ ਮਧੁਸੂਦਨ ਹਰਿ ਮਾਧੋ ਪ੍ਰਾਨਾ ॥ ਮੇਰੈ ਮਨਿ ਤਨਿ ਅੰਮ੍ਰਿਤ ਮੀਠ ਲਗਾਨਾ ॥ ਹਰਿ ਹਰਿ ਦਇਆ ਕਰਹੁ ਗੁਰੁ ਮੇਲਹੁ ਪੁਰਖੁ ਨਿਰੰਜਨੁ ਸੋਈ ਰਾਮ ॥ ੩ ॥ ਹਰਿ ਹਰਿ ਨਾਮੁ ਸਦਾ ਸੁਖਦਾਤਾ ॥ ਹਰਿ ਕੈ ਰੰਗਿ ਮੇਰਾ ਮਨੁ ਰਾਤਾ ॥ ਹਰਿ ਹਰਿ ਮਹਾ ਪੁਰਖੁ ਗੁਰੁ ਮੇਲਹੁ ਗੁਰ ਨਾਨਕ ਨਾਮਿ ਸੁਖੁ ਸੋਈ ਰਾਮ ॥ ੪ ॥ ੧ ॥ ੭ ॥

Tape/CD: 1334

# ਪੰਨਾ ੨੭੩-੨੭੪

ਗਉੜੀ ਸੁਖਮਨੀ ਮਃ ੫ ॥

ਬ੍ਰਹਮ ਗਿਆਨੀ ਸਭ ਸ੍ਰਿਸਟਿ ਕਾ ਕਰਤਾ ॥ ਬ੍ਰਹਮ ਗਿਆਨੀ ਸਦ ਜੀਵੈ ਨਹੀ ਮਰਤਾ ॥ ਬ੍ਰਹਮ ਗਿਆਨੀ ਮੁਕਤਿ ਜੁਗਤਿ ਜੀਅ ਕਾ ਦਾਤਾ ॥ ਬ੍ਰਹਮ ਗਿਆਨੀ ਪੂਰਨ ਪੁਰਖੁ ਬਿਧਾਤਾ ॥ ਬ੍ਰਹਮ ਗਿਆਨੀ ਅਨਾਥ ਕਾ ਨਾਥੁ ॥ ਬ੍ਰਹਮ ਗਿਆਨੀ ਕਾ ਸਭ ਊਪਰਿ ਹਾਥੁ ॥ ਬ੍ਰਹਮ ਗਿਆਨੀ ਕਾ ਸਗਲ ਅਕਾਰੁ ॥ ਬ੍ਰਹਮ ਗਿਆਨੀ ਆਪਿ ਨਿਰੰਕਾਰੁ ॥ ਬ੍ਰਹਮ ਗਿਆਨੀ ਕੀ ਸੋਭਾ ਬ੍ਰਹਮ ਗਿਆਨੀ ਬਨੀ ॥ ਨਾਨਕ ਬ੍ਰਹਮ ਗਿਆਨੀ ਸਰਬ ਕਾ ਧਨੀ ॥ ੮ ॥ ੮ ॥